**ਕਾਨੜਾ ਮਹਲਾ ੫ ॥ ਆਰਾਧਉ ਤੁਝਹਿ ਸੁਆਮੀ ਅਪਨੇ ॥ ਊਠਤ ਬੈਠਤ ਸੋਵਤ ਜਾਗਤ ਸਾਸਿ ਸਾਸਿ ਸਾਸਿ ਹਰਿ ਜਪਨੇ ॥੧॥ ਰਹਾਉ ॥ ਤਾ ਕੈ ਹਿਰਦੈ ਬਸਿਓ ਨਾਮੁ ॥ ਜਾ ਕਉ ਸੁਆਮੀ ਕੀਨੋ ਦਾਨੁ ॥੧॥ ਤਾ ਕੈ ਹਿਰਦੈ ਆਈ ਸਾਂਤਿ ॥ ਠਾਕੁਰ ਭੇਟੇ ਗੁਰ ਬਚਨਾਂਤਿ ॥ ੨॥ ਸਰਬ ਕਲਾ ਸੋਈ ਪਰਬੀਨ ॥ ਨਾਮ ਮੰਤ੍ਰੁ ਜਾ ਕਉ ਗੁਰਿ ਦੀਨ ॥੩॥ ਕਹੁ ਨਾਨਕ ਤਾ ਕੈ ਬਲਿ ਜਾਉ ॥ ਕਲਿਜੁਗ ਮਹਿ ਪਾਇਆ ਜਿਨਿ ਨਾਉ ॥੪॥੭॥** {ਪੰਨਾ 1298}

ਪਦ ਅਰਥ:- ਆਰਾਧਉ—ਆਰਾਧਉਂ, ਮੈਂ ਆਰਾਧਦਾ ਹਾਂ, ਯਾਦ ਕਰਦਾ ਰਹਿੰਦਾ ਹਾਂ। ਤੁਝਹਿ—ਤੈਨੂੰ ਹੀ। ਸੁਆਮੀ—ਹੇ ਸੁਆਮੀ! ਸਾਸਿ ਸਾਸਿ—ਹਰੇਕ ਸਾਹ ਨਾਲ।1।

ਤਾ ਕੈ ਹਿਰਦੈ—ਉਸ (ਮਨੁੱਖ) ਦੇ ਹਿਰਦੇ ਵਿਚ। ਜਾ ਕਉ—ਜਿਸ (ਮਨੁੱਖ) ਨੂੰ।1।

ਠਾਕੁਰ ਭੇਟੇ—ਮਾਲਕ-ਪ੍ਰਭੂ ਨੂੰ ਮਿਲਦਾ ਹੈ। ਗੁਰ ਬਚਨਾਂਤਿ—ਗੁਰੂ ਦੇ ਬਚਨਾਂ ਦੀ ਰਾਹੀਂ।2।

ਕਲਾ—ਆਤਮਕ ਤਾਕਤ। ਪਰਬੀਨ—ਸਿਆਣਾ। ਮੰਤ੍ਰੁ—ਉਪਦੇਸ਼। ਗੁਰਿ—ਗੁਰੂ ਨੇ।3।

ਬਲਿ ਜਾਉ—ਬਲਿ ਜਾਉਂ, ਮੈਂ ਸਦਕੇ ਜਾਂਦਾ ਹਾਂ। ਕਲਿਜੁਗ ਮਹਿ—ਝਗੜਿਆਂ-ਭਰੇ ਜਗਤ ਵਿਚ (ਨੋਟ:- ਇਥੇ ਕਿਸੇ ਜੁਗ ਦਾ ਨਿਰਨਾ ਨਹੀਂ ਹੈ)। ਜਿਨਿ—ਜਿਸ (ਮਨੁੱਖ) ਨੇ।4।

ਅਰਥ:- ਹੇ (ਮੇਰੇ) ਆਪਣੇ ਮਾਲਕ! ਮੈਂ (ਸਦਾ) ਤੈਨੂੰ ਹੀ ਯਾਦ ਕਰਦਾ ਰਹਿੰਦਾ ਹਾਂ। ਹੇ ਹਰੀ! ਉਠਦਿਆਂ, ਬੈਠਦਿਆਂ, ਸੁੱਤਿਆਂ, ਜਾਗਦਿਆਂ, ਹਰੇਕ ਸਾਹ ਦੇ ਨਾਲ ਮੈਂ ਤੇਰਾ ਹੀ ਨਾਮ ਜਪਦਾ ਹਾਂ।1। ਰਹਾਉ।

ਹੇ ਭਾਈ! ਮਾਲਕ-ਪ੍ਰਭੂ ਜਿਸ ਮਨੁੱਖ ਨੂੰ (ਨਾਮ ਦੀ) ਦਾਤਿ ਬਖ਼ਸ਼ਦਾ ਹੈ, ਉਸ ਦੇ ਹਿਰਦੇ ਵਿਚ (ਉਸ ਮਾਲਕ ਦਾ) ਨਾਮ ਟਿਕ ਜਾਂਦਾ ਹੈ।1।

ਹੇ ਭਾਈ! ਜਿਹੜਾ ਮਨੁੱਖ ਗੁਰੂ ਦੇ ਉਪਦੇਸ਼ ਉੱਤੇ ਤੁਰ ਕੇ ਮਾਲਕ-ਪ੍ਰਭੂ ਨੂੰ ਮਿਲ ਪੈਂਦਾ ਹੈ, ਉਸ ਦੇ ਹਿਰਦੇ ਵਿਚ (ਵਿਕਾਰਾਂ ਦੀ ਅੱਗ ਵਲੋਂ) ਠੰਢ ਪੈ ਜਾਂਦੀ ਹੈ।2।

ਹੇ ਭਾਈ! ਜਿਸ (ਮਨੁੱਖ) ਨੂੰ ਗੁਰੂ ਨੇ ਪਰਮਾਤਮਾ ਦਾ ਨਾਮ-ਮੰਤ੍ਰ ਦੇ ਦਿੱਤਾ, ਉਹੀ ਹੈ ਸਾਰੀਆਂ ਆਤਮਕ ਤਾਕਤਾਂ ਵਿਚ ਸਿਆਣਾ।3।

ਹੇ ਨਾਨਕ! ਆਖ—ਜਿਸ ਮਨੁੱਖ ਨੇ ਇਸ ਬਖੇੜਿਆਂ-ਭਰੇ ਜਗਤ ਵਿਚ ਪਰਮਾਤਮਾ ਦਾ ਨਾਮ-ਖ਼ਜ਼ਾਨਾ ਲੱਭ ਲਿਆ, ਮੈਂ ਉਸ (ਮਨੁੱਖ) ਤੋਂ ਸਦਕੇ ਜਾਂਦਾ ਹਾਂ।4।7।